ਪ੍ਰਧਾਨ ਮੰਤਰੀ ਨੇ ਰਾਸ਼ਟਰਪਤੀ ਵੋਲੋਦੀਮੀਰ ਜ਼ੇਲੇਂਸਕੀ ਨਾਲ ਗੱਲਬਾਤ ਕੀਤੀ (09 ਨਵੰਬਰ, 2026)

ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਨੇ ਅੱਜ ਯੂਕਰੇਨ ਦੇ ਰਾਸ਼ਟਰਪਤੀ ਮਹਾਮਹਿਮ ਸ਼੍ਰੀ ਵੋਲੋਦੀਮੀਰ ਜ਼ੇਲੇਂਸਕੀ ਨਾਲ ਟੈਲੀਫ਼ੋਨ 'ਤੇ ਗੱਲਬਾਤ ਕੀਤੀ।

2. ਰਾਸ਼ਟਰਪਤੀ ਜ਼ੇਲੇਂਸਕੀ ਨੇ ਵਰਤਮਾਨ ਵਿੱਚ ਜਾਰੀ ਸੰਘਰਸ਼ ਨਾਲ ਸਬੰਧਤ ਹਾਲ ਹੀ ਦੇ ਘਟਨਾਕ੍ਰਮਾਂ 'ਤੇ ਆਪਣਾ ਦ੍ਰਿਸ਼ਟੀਕੋਣ ਸਾਂਝਾ ਕੀਤਾ।

3. ਪ੍ਰਧਾਨ ਮੰਤਰੀ ਨੇ ਭਾਰਤ ਦੇ ਮਨੁੱਖੀ-ਕੇਂਦ੍ਰਿਤ ਦ੍ਰਿਸ਼ਟੀਕੋਣ ਨੂੰ ਦੁਹਰਾਇਆ ਅਤੇ ਗੱਲਬਾਤ ਅਤੇ ਕੂਟਨੀਤੀ ਰਾਹੀਂ ਹੀ ਇਸ ਸੰਘਰਸ਼ ਦਾ ਹੱਲ ਕੱਢੇ ਜਾਣ 'ਤੇ ਮੁੜ ਜ਼ੋਰ ਦਿੱਤਾ। ਉਨ੍ਹਾਂ ਨੇ ਇਸ ਸੰਘਰਸ਼ ਦੇ ਸ਼ਾਂਤੀਪੂਰਨ ਹੱਲ ਲਈ ਕੀਤੇ ਜਾ ਰਹੇ ਸਾਰੇ ਯਤਨਾਂ ਵਿੱਚ ਯੋਗਦਾਨ ਦੇਣ ਪ੍ਰਤੀ ਭਾਰਤ ਦੀ ਤਿਆਰੀ ਬਾਰੇ ਦੱਸਿਆ।

4. ਦੋਵਾਂ ਆਗੂਆਂ ਨੇ ਦੋਵਾਂ ਦੇਸ਼ਾਂ ਦੇ ਲੋਕਾਂ ਦੇ ਆਪਸੀ ਲਾਭ ਲਈ, ਵੱਖ-ਵੱਖ ਖੇਤਰਾਂ ਵਿੱਚ ਭਾਰਤ ਅਤੇ ਯੂਕਰੇਨ ਵਿਚਕਾਰ ਦੁਵੱਲੇ ਸਹਿਯੋਗ ਨੂੰ ਹੋਰ ਮਜ਼ਬੂਤ ਕਰਨ ਦੇ ਉਪਾਵਾਂ 'ਤੇ ਵੀ ਚਰਚਾ ਕੀਤੀ।

ਨਵੀਂ ਦਿੱਲੀ

09 ਨਵੰਬਰ, 2026